# ਦਫਤਰ ਜਿਲ੍ਹਾ ਮੈਜਿਸਟਰੇਟ,ਬਰਨਾਲਾ

(ਐਮ.ਏ. ਸ਼ਾਖਾ)

**ਫੌਜ਼ਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਹੁਕਮ ਜਿਲ੍ਹਾ ਬਰਨਾਲਾ**

ਹੁਕਮ ਨੰ:......227....../ਐਮ.ਏ. ਮਿਤੀ......24/04....../2019

## ਹੁਕਮ

ਮੇਰੇ ਧਿਆਨ ਵਿੱਚ ਆਇਆ ਹੈ ਕਿ ਜਿਲ੍ਹਾ ਬਰਨਾਲਾ ਅੰਦਰ ਅਜਿਹੇ ਬਹੁਤ ਸਾਰੇ ਵਪਾਰਿਕ ਸਥਾਨ/ਦੁਕਾਨਾਂ ਖੁੱਲ ਗਈਆਂ ਹਨ, ਜਿਨ੍ਹਾਂ ਨੂੰ ਆਮ ਤੌਰ ਤੇ ਸਾਈਬਰ ਕੈਫੇ/ਐਸ.ਟੀ.ਡੀ/ਪੀ.ਸੀ.ਓ. ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਇਨ੍ਹਾਂ ਸਥਾਨਾਂ ਤੇ ਉਪਲੱਬਧ ਸੁਵਿਧਾਵਾਂ, ਜਿੰਨ੍ਹਾਂ ਵਿੱਚ ਈ-ਮੇਲ ਸੁਵਿਧਾਵਾਂ ਵੀ ਸ਼ਾਮਿਲ ਹਨ, ਦੀ ਵਰਤੋਂ ਕਰਨ ਲਈ ਬਹੁਤ ਸਾਰੇ ਲੋਕ ਆਉਂਦੇ ਹਨ। ਇਸ ਮਾਧਿਅਮ ਰਾਹੀਂ ਸਮਾਜ ਵਿਰੋਧੀ ਤੱਤ, ਇੰਨ੍ਹਾਂ ਸੁਵਿਧਾਵਾਂ ਦੀ ਦੁਰਵਰਤੋਂ ਕਰਕੇ ਸੁਰੱਖਿਆ/ਪੜਤਾਲੀਆ ਏਜੰਸੀਆਂ ਨੂੰ ਗੁੰਮਰਾਹ ਕਰ ਸਕਦੇ ਹਨ ਅਤੇ ਪਬਲਿਕ ਵਿੱਚ ਦਹਿਸ਼ਤ ਪੈਦਾ ਕਰ ਸਕਦੇ ਹਨ। ਜਿਸ ਨਾਲ ਮਹੱਤਵਪੂਰਨ ਵਿਅਕਤੀਆਂ ਅਤੇ ਸਰਕਾਰੀ ਸੰਸਥਾਵਾਂ ਦੀ ਸੁਰੱਖਿਆ ਨੂੰ ਖਤਰਾ ਪਹੁੰਚਾਇਆ ਜਾ ਸਕਦਾ ਹੈ ਅਤੇ ਦਹਿਸ਼ਤਗਰਦਾਂ ਦੀ ਮੱਦਦ ਕੀਤੀ ਜਾ ਸਕਦੀ ਹੈ, ਜਿਸ ਨਾਲ ਰਾਜ ਦੀ ਸੁਰੱਖਿਆ ਸਿੱਧੇ ਤੌਰ ਤੇ ਪ੍ਰਭਾਵਿਤ ਹੁੰਦੀ ਹੋਵੇ।

ਇਹ ਮਹਿਸੂਸ ਕੀਤਾ ਜਾ ਰਿਹਾ ਹੈ ਕਿ ਮਨੁੱਖੀ ਜਾਨਾਂ ਨੂੰ ਖਤਰੇ ਤੋਂ ਬਚਾਉਣ, ਕਿਸੇ ਅਜਿਹੀ ਦਹਿਸ਼ਤਗਰਦ ਕਾਰਵਾਈ ਜੋ ਕਿ ਰਾਜ ਦੀ ਸੁਰੱਖਿਆ ਤੇ ਪ੍ਰਤੀਕੂਲ ਪ੍ਰਭਾਵ ਪਾਉਂਦੀ ਅਤੇ ਲੋਕ ਅਮਨ ਸ਼ਾਂਤੀ ਨੂੰ ਭੰਗ ਕਰਦੀ ਹੋਵੇ, ਨੂੰ ਰੋਕਣ ਲਈ ਫੌਰੀ ਤੌਰ ਤੇ ਕਦਮ ਚੁੱਕੇ ਜਾਣੇ ਜਰੂਰੀ ਹਨ।

ਇਸ ਲਈ ਉਪਰੋਕਤ ਤੱਥਾਂ ਨੂੰ ਮੁੱਖ ਰੱਖਦੇ ਹੋਏ ਮੈਂ, **ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਬਰਨਾਲਾ** ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜਿਲ੍ਹਾ ਬਰਨਾਲਾ ਅੰਦਰ ਪੈਂਦੇ ਸਾਈਬਰ ਕੈਫੇ/ਐਸ.ਟੀ.ਡੀ./ਪੀ.ਸੀ.ਓ. ਦੇ ਮਾਲਕਾਂ ਨੂੰ ਨਿਮਨ ਲਿਖਤ ਦੀ ਸਖਤੀ ਨਾਲ ਪਾਲਣਾ ਕਰਨ ਦਾ ਆਦੇਸ਼ ਦਿੰਦਾ ਹਾਂ:-

1. ਕਿਸੇ ਅਣਜਾਣ ਵਿਅਕਤੀ ਨੂੰ ਜਿਸਦੀ ਪਹਿਚਾਣ ਕੈਫੇ/ਐਸ.ਟੀ.ਡੀ./ਪੀ.ਸੀ.ਓ. ਦੇ ਮਾਲਕ ਵੱਲੋਂ ਨਹੀਂ ਕੀਤੀ ਗਈ ਸਾਈਬਰ ਕੈਫੇ/ਐਸ.ਟੀ.ਡੀ./ਪੀ.ਸੀ.ਓ. ਦੀ ਵਰਤੋਂ ਕਰਨ ਤੋਂ ਰੋਕ ਲਗਾਈ ਜਾਵੇ।
2. ਵਰਤੋਂ ਕਰਨ ਵਾਲੇ/ਆਉਂਣ ਵਾਲੇ ਵਿਅਕਤੀ ਦੀ ਪਹਿਚਾਣ ਦੇ ਰਿਕਾਰਡ ਲਈ ਰਜਿਸਟਰ ਲਾਇਆ ਜਾਵੇ।
3. ਆਉਣ ਵਾਲਾ/ਵਰਤੋਂ ਕਰਨ ਵਾਲਾ ਆਪਣੇ ਹੱਥ ਨਾਲ ਆਪਣਾ ਨਾਮ, ਘਰ ਦਾ ਪਤਾ ਟੈਲੀਫੋਨ ਨੰਬਰ ਅਤੇ ਪਹਿਚਾਣ ਸਬੰਧੀ ਸਬੂਤ ਦਾ ਇੰਦਰਾਜ ਕਰੇਗਾ। ਵਰਤੋਂ ਕਰਨ ਲਈ ਆਉਂਣ ਵਾਲਾ ਹਰ ਵਿਅਕਤੀ ਇਸ ਮੰਤਵ ਲਈ ਰੱਖੇ ਗਏ ਰਜਿਸਟਰ ਵਿੱਚ ਹਸਤਾਖਰ ਵੀ ਕਰੇਗਾ।
4. ਵਰਤੋਂ ਕਰਨ ਵਾਲੇ ਵਿਅਕਤੀ ਦੀ ਸ਼ਨਾਖਤ ਉਸਦੇ ਪਹਿਚਾਣ ਪੱਤਰ, ਵੋਟਰ ਕਾਰਡ,ਰਾਸ਼ਨ ਕਾਰਡ,ਡਰਾਈਵਿੰਗ ਲਾਇਸੰਸ,ਪਾਸਪੋਰਟ ਅਤੇ ਫੋਟੋ ਕਰੈਡਿਟ ਕਾਰਡ ਨਾਲ ਕੀਤੀ ਜਾਵੇਗੀ।
5. ਐਕਟਿਵਟੀ ਸਰਵਰ ਲੌਗ, ਮੁੱਖ ਸਰਵਰ ਵਿੱਚ ਸੁਰੱਖਿਅਤ ਹੋਵੇਗਾ ਅਤੇ ਇਸਦਾ ਰਿਕਾਰਡ ਮੁੱਖ ਸਰਵਰ ਵਿੱਚ ਘੱਟੋ ਘੱਟ ਛੇ ਮਹੀਨਿਆਂ ਲਈ ਰੱਖਿਆ ਜਾਵੇਗਾ।
6. ਜੇਕਰ ਸਾਈਬਰ ਕੈਫੇ/ਐਸ.ਟੀਡੀ./ਪੀ.ਸੀ.ਓ. ਵਿੱਚ ਆਉਂਣ ਵਾਲੇ ਕਿਸੇ ਵੀ ਵਿਅਕਤੀ ਦੀ ਗਤੀਵਿਧੀ, ਸਾਈਬਰ ਕੈਫੇ/ ਐਸ.ਟੀ.ਡੀ./ਪੀ.ਸੀ.ਓ. ਦੇ ਮਾਲਕ ਨੂੰ ਸ਼ੱਕੀ ਲੱਗਦੀ ਹੈ ਤਾਂ ਉਹ ਸਬੰਧਤ ਥਾਣੇ ਨੂੰ ਸੂਚਿਤ ਕਰੇਗਾ।
7. ਕਿਸੇ ਵਿਅਕਤੀ ਵੱਲੋਂ ਵਰਤੇ ਗਏ ਵਿਸ਼ੇਸ਼ ਕੰਪਿਊਟਰ ਬਾਰੇ ਰਿਕਾਰਡ ਨੂੰ ਸੰਭਾਲ ਕੇ ਰੱਖੇਗਾ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇਕਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਲੋਕਾਂ ਦੇ ਨਾਮ ਜਾਰੀ ਕੀਤਾ ਜਾਂਦਾ ਹੈ। ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ ਵੱਲੋਂ ਪ੍ਰੈਸ ਨੋਟ ਜਾਰੀ ਕਰਕੇ, ਲੋਕਲ ਟੀ.ਵੀ. ਰਾਹੀਂ ਪ੍ਰਚਾਰ ਤੇ ਮੁਨਾਦੀ ਕਰਵਾਕੇ ਅਤੇ ਇਸ ਹੁਕਮ ਦੀਆਂ ਕਾਪੀਆਂ ਪੁਲਿਸ ਸਟੇਸ਼ਨਾਂ/ਨਗਰ ਪਾਲਿਕਾਵਾਂ/ਸਦਰ ਮੁਕਾਮਾਂ/ਉਪ ਮੰਡਲ ਮੈਜਿਸਟਰੇਟ/ਤਹਿਸੀਲਦਾਰ ਦਫਤਰਾਂ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਪੱਧਰ ਦੀਆਂ ਨੁਮਾਇਆ ਥਾਵਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

**ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ, ਜੋ ਮਿਤੀ: 26/04/2019 ਤੋ ਲੈਕੇ ਮਿਤੀ: 25/06/2019 ਤੱਕ ਜਿਲ੍ਹਾ ਬਰਨਾਲਾ ਅੰਦਰ ਲਾਗੂ ਰਹੇਗਾ।**

ਜਿਲ੍ਹਾ ਮੈਜਿਸਟਰੇਟ ਬਰਨਾਲਾ

**ਤੇਜ ਪ੍ਰਤਾਪ ਸਿੰਘ ਫੂਲਕਾ**, ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ, ਬਰਨਾਲਾ।

ਪਿੱਠ ਅੰਕਣ ਨੰ:5796-5850/ਐਮ.ਏ. ਮਿਤੀ:25/04/2019

**ਉਪਰੋਕਤ ਦਾ ਉਤਾਰਾ ਨਿਮਨਲਿਖਤ ਪਾਸ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-**

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਚੰਡੀਗੜ੍ਹ।
3) ਕਮਿਸ਼ਨਰ ਪਟਿਆਲਾ ਮੰਡਲ, ਪਟਿਆਲਾ।
4) ਸਕੱਤਰ, ਪੰਜਾਬ ਸਰਕਾਰ, ਟਰਾਂਸਪੋਰਟ ਵਿਭਾਗ, ਚੰਡੀਗੜ੍ਹ।
5) ਡੀ.ਆਈ.ਜੀ (ਸੀ.ਆਈ.ਡੀ) ਪੰਜਾਬ, ਚੰਡੀਗੜ੍ਹ/ਡੀ.ਆਈ.ਜੀ, ਪੁਲਿਸ ਰੇਂਜ ਪਟਿਆਲਾ।
6) ਜਿਲ੍ਹਾ ਮੈਜਿਸਟਰੇਟ ਫਰੀਦਕੋਟ/ਫਿਰੋਜਪੁਰ/ਲੁਧਿਆਣਾ/ਜਲੰਧਰ/ਅੰਮ੍ਰਿਤਸਰ/ਕਪੂਰਥਲਾ/ਹੁਸ਼ਿਆਰਪੁਰ/ਪਟਿਆਲਾ/ਮਾਨਸਾ/ਮੁਕਤਸਰ/ਮੋਗਾ/ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸਹਿਰ) /ਫਤਿਹਗੜ ਸਾਹਿਬ/ਸੰਗਰੂਰ/ਗੁਰਦਾਸਪੁਰ/ਫਾਜ਼ਿਲਕਾ/ਪਠਾਨਕੋਟ/ਰੂਪਨਗਰ/ਬਠਿੰਡਾ/ ਅਜੀਤਗੜ੍ਹ(ਐਸ.ਏ.ਐਸ.ਨਗਰ-ਮੋਹਾਲੀ)/ਤਰਨਤਾਰਨ।
7) ਜਿਲ੍ਹਾ ਅਤੇ ਸੈਸ਼ਨ ਜੱਜ, ਬਰਨਾਲਾ।
8) ਸੀਨੀਅਰ ਕਪਤਾਨ ਪੁਲਿਸ, ਬਰਨਾਲਾ।
9) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਰਨਾਲਾ।
10) ਉਪ ਮੰਡਲ ਮੈਜਿਸਟਰੇਟ, ਬਰਨਾਲਾ/ਤਪਾ।
11) ਜਿਲ੍ਹਾ ਅਟਾਰਨੀ (ਲੀਗਲ), ਬਰਨਾਲਾ।
12) ਜਿਲ੍ਹਾ ਮਾਲ ਅਫਸਰ ਬਰਨਾਲਾ/ਡੀ.ਡੀ.ਪੀ.ਓ, ਬਰਨਾਲਾ।
13) ਤਹਿਸੀਲਦਾਰ ਬਰਨਾਲਾ/ਤਪਾ ਅਤੇ ਨਾਇਬ ਤਹਿਸੀਲਦਾਰ ਬਰਨਾਲਾ/ਤਪਾ/ਭਦੌੜ/ਧਨੌਲਾ/ਮਹਿਲਕਲਾਂ
14) ਕਾਰਜ ਸਾਧਕ ਅਫਸਰ, ਨਗਰ ਕੌਂਸਲ ਬਰਨਾਲਾ/ਤਪਾ/ਧਨੌਲਾ/ਭਦੌੜ/ਨਗਰ ਪੰਚਾਇਤ ਹੰਡਿਆਇਆ।
15) ਜਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਪਾਸ ਪ੍ਰੈਸ ਨੋਟ ਜਾਰੀ ਕਰਨ ਅਤੇ ਪ੍ਰਚਾਰ ਮੁਨਾਦੀ ਕਰਕੇ ਰਿਪੋਰਟ ਭੇਜਣ ਹਿੱਤ।
16) ਜਿਲ੍ਹਾ ਸਿੱਖਿਆ ਅਫਸਰ (ਸੰਕੈ/ਐਲੀ:), ਬਰਨਾਲਾ।
17) ਪੀ.ਏ.ਟੂ ਡੀ.ਐਮ./ਸਟੈਨੋ ਏ.ਡੀ.ਐਮ/ਸ.ਕ.(ਜ/ਸ਼ਿਕ), ਬਰਨਾਲਾ ਪਾਸ ਅਫ਼ਸਰ ਸਹਿਬਾਨ ਦੀ ਜਾਣਕਾਰੀ ਹਿੱਤ।

ਵਾ: ਜਿਲ੍ਹਾ ਮੈਜਿਸਟਰੇਟ
ਬਰਨਾਲਾ।